ਦਫਤਰ ਜ਼ਿਲ੍ਹਾ ਲੋਕ ਸੰਪਰਕ, ਅਫਸਰ

ਪ੍ਰੈਸ ਨੋਟ

- 24X7 ਕੰਮ ਕਰਨ ਵਾਲਾ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਸਥਾਪਤ ਕੀਤਾ ਗਿਆ
- ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਸ-ਪਾਸ ਵਿਦੇਸ਼ਾਂ ਤੋਂ ਆਉਣ ਵਾਲੇ ਲੋਕਾਂ ਦੀ ਸੂਚਨਾ ਕੰਟਰੋਲ ਰੂਮ ਤੇ ਦੇਣ

ਫਿਰੋਜ਼ਪੁਰ 23 ਮਾਰਚ 2020 (        )

ਕਰੋਨਾ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਤੇ ਨਜ਼ਰ ਰੱਖਣ ਅਤੇ ਲੋਕਾਂ ਦੀ ਸਹਾਇਤਾ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰਬਰ 19 ਵਿੱਚ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਸ੍ਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਇਹ ਕੰਟਰੋਲ ਰੂਮ ਰਾਜ ਸਰਕਾਰ ਵੱਲੋਂ ਜਾਰੀ ਹਦਾਇਤਾਂ ਤਹਿਤ ਸਥਾਪਤ ਕੀਤਾ ਗਿਆ ਹੈ, ਜੋ ਕਿ ਰਾਜ ਪੱਧਰੀ ਕੰਟਰੋਲ ਰੂਮ ਨਾਲ ਜੁੜਿਆ ਹੋਇਆ ਹੈ।

ਕੰਟਰੋਲ ਰੂਮ ਵਿਚ ਟੈਲੀਫੋਨ ਨੰਬਰ 01632-244024 ਕੰਮ ਕਰ ਰਿਹਾ ਹੈ ਅਤੇ ਕੰਟਰੋਲ ਰੂਮ ਦਿਨ-ਰਾਤ ਕੰਮ ਕਰਦਾ ਹੈ ਅਤੇ ਇੱਥੇ ਸਟਾਫ ਵੀ ਤਾਇਨਾਤ ਕੀਤਾ ਗਿਆ ਹੈ। ਕੰਟਰੋਲ ਰੂਮ ਵਿਚ ਸਟਾਫ ਵੱਖ-ਵੱਖ ਸ਼ਿਫਟਾਂ ਵਿਚ ਕੰਮ ਕਰੇਗਾ ਅਤੇ ਸਟਾਫ ਨੂੰ ਉਨ੍ਹਾਂ ਦੀਆਂ ਡਿਊਟੀਆਂ ਬਾਰੇ ਸੂਚਿਤ ਕਰ ਦਿਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮਹੱਤਵਪੂਰਨ ਕੰਮ ਹੈ ਅਤੇ ਇਸ ਕੰਮ ਵਿੱਚ ਕਿਸੇ ਵੀ ਕਿਸਮ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਜੇਕਰ ਲਾਪ੍ਰਵਾਹੀ ਕੋਈ ਲਾਪਰਵਾਹੀ ਸਾਹਮਣੇ ਆਉਂਦੀ ਹੈ ਤਾਂ ਸਖਤ ਕਾਰਵਾਈ ਕੀਤੀ ਜਾਵੇਗੀ।

ਫਿਰੋਜ਼ਪੁਰ ਦੇ ਲੋਕਾਂ ਨੂੰ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਨ੍ਹਾਂ ਦੇ ਆਸ ਪਾਸ ਵਿਦੇਸ਼ਾਂ ਤੋਂ ਆਉਣ ਵਾਲੇ ਲੋਕਾਂ ਬਾਰੇ ਕੰਟਰੋਲ ਰੂਮ ਨੂੰ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਸਮੇਂ ਸਿਰ ਪਹੁੰਚ ਕੇ ਉਨ੍ਹਾਂ ਦੀ ਜਾਂਚ ਕੀਤੀ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੋਵੇਗੀ ਜੇ ਲੋਕ ਅੱਗੇ ਆਉਣ ਅਤੇ ਵਿਦੇਸ਼ਾਂ ਤੋਂ ਆਉਣ ਵਾਲੇ ਲੋਕਾਂ ਦੀ ਜਾਣਕਾਰੀ ਇਸ ਕੰਟਰੋਲ ਰੂਮ ਵਿਚ ਦੇਣ। ਇਸ ਤੋਂ ਇਲਾਵਾ ਉਨ੍ਹਾਂ ਵਿਦੇਸ਼ਾਂ ਤੋਂ ਆਉਣ ਵਾਲੇ ਲੋਕਾਂ ਨੂੰ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਉਣ ਅਤੇ ਆਪਣੇ ਆਪ ਅੱਗੇ ਆਉਣ ਅਤੇ ਹੋਰ ਲੋਕਾਂ ਤੋਂ ਦੂਰੀ ਬਣਾਈ ਰੱਖਣ ਦੀ ਅਪੀਲ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਯੁੱਧ ਸਿਰਫ ਸਾਂਝੇ ਯਤਨਾਂ ਸਦਕਾ ਹੀ ਜਿੱਤਿਆ ਜਾ ਸਕਦਾ ਹੈ ਅਤੇ ਲੋਕਾਂ ਦਾ ਸਹਿਯੋਗ ਇਸ ਵਿੱਚ ਸਭ ਤੋਂ ਮਹੱਤਵਪੂਰਣ ਕੜੀ ਹੈ।